ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਰੋਨਾ ਵਾਇਰਸ ਵਿਰੁੱਧ ਲੜਾਈ ਵਿੱਚ
ਯੋਗਦਾਨ ਬਦਲੇ ਐਸ.ਡੀ.ਐਮ. ਤੇ ਉਨ੍ਹਾਂ ਦੀ ਟੀਮ ਦਾ ਸਨਮਾਨ

ਮਾਨਵਤਾ ਦੀ ਸੇਵਾ ਸਭ ਤੋਂ ਉਤਮ ਕਾਰਜ : ਡਾ. ਸੰਜੀਵ ਕੁਮਾਰ

ਮਾਤਾ ਗੁਜਰੀ ਕਾਲਜ ਦੇ ਐਕਸ ਸਟੂਡੈਂਟਸ ਸੇਵਕ ਜੱਥਾ ਸੰਸਥਾ ਨੇ ਕੀਤਾ ਸਨਮਾਨ

ਫ਼ਤਹਿਗੜ੍ਹ ਸਾਹਿਬ, 01 ਮਈ :

ਕੋਰੋਨਾ ਵਾਇਰਸ ਵਿਰੁੱਧ ਲੜੀ ਜਾ ਰਹੀ ਲੜਾਈ ਵਿੱਚ ਵੱਖ-ਵੱਖ ਖੇਤਰਾਂ 'ਚ ਸ਼ਲਾਘਾਯੋਗ ਯੋਗਦਾਨ ਪਾਉਣ ਲਈ ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਡਾ. ਸੰਜੀਵ ਕੁਮਾਰ ਤੇ ਉਨ੍ਹਾਂ ਦੀ ਟੀਮ ਨੂੰ ਮਾਤਾ ਗੁਜਰੀ ਕਾਲਜ ਦੇ ਐਕਸ ਸਟੂਡੈਂਟਸ ਸੇਵਕ ਜੱਥਾ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਸੰਸਥਾ ਦੇ ਪ੍ਰਧਾਨ ਸ. ਅਮਰਜੀਤ ਸਿੰਘ ਚੀਮਾ, ਸਖਦੇਵ ਸਿੰਘ ਢੀਂਡਸਾ ਤੇ ਸ. ਜੈ ਸਿੰਘ ਬਾੜਾ ਨੇ ਕਿਹਾ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਲਾਏ ਕਰਫਿਊ ਦੌਰਾਨ ਸਬ ਡਵੀਜ਼ਨ ਫ਼ਤਹਿਗੜ੍ਹ ਸਾਹਿਬ ਵਿਖੇ ਲੰਗਰ ਨੂੰ ਲੋੜਵੰਦਾਂ ਤੱਕ ਪਹੁੰਚਾਉਣ, ਮੰਡੀਆਂ ਵਿੱਚ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਕੀਤੇ ਸੁਚੱਜੇ ਪ੍ਰਬੰਧਾਂ ਅਤੇ ਕਰਫਿਊ ਨੂੰ ਸਖਤੀ ਨਾਲ ਲਾਗੂ ਕਰਵਾਉਣ ਵਿੱਚ ਡਾ. ਸੰਜੀਵ ਕੁਮਾਰ ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਤੇ ਉਨ੍ਹਾਂ ਦੀ ਟੀਮ ਦਿਨ ਰਾਤ ਇੱਕ ਕਰ ਕੇ ਜੋ ਸੇਵਾਵਾਂ ਨਿਭਾ ਰਹੇ ਹਨ ਉਹ ਸਹੀ ਅਰਥਾਂ ਵਿੱਚ ਕਾਬਿਲੇ ਤਾਰੀਫ ਹੈ। ਉਨ੍ਹਾਂ ਕਿਹਾ ਕਿ ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਵੱਲੋਂ ਨਿਰਪੱਖ ਹੋ ਕੇ ਲੋਕਾਂ ਦੀ ਕੀਤੀ ਜਾ ਰਹੀ ਸੇਵਾ ਨੂੰ ਵੇਖਦੇ ਹੋਏ ਉਨ੍ਹਾਂ ਦੀ ਸੰਸਥਾ ਵੱਲੋਂ ਉਨ੍ਹਾਂ ਤੇ ਉਨ੍ਹਾਂ ਦੀ ਟੀਮ ਨੂੰ ਸਨਮਾਨਤ ਕਰਨ ਦਾ ਫੈਸਲਾ ਕੀਤਾ ਗਿਆ।

ਐਸ.ਡੀ.ਐਮ. ਡਾ. ਸੰਜੀਵ ਕੁਮਾਰ ਨੇ ਕਿਹਾ ਕਿ ਮਾਨਵਤਾ ਦੀ ਸੇਵਾ ਸਭ ਤੋਂ ਉਤਮ ਕਾਰਜ ਹੈ ਅਤੇ ਉਹ ਇਹ ਸੇਵਾ ਕਰਕੇ ਆਪਣੇ ਆਪ ਨੂੰ ਭਾਗਾਂ ਵਾਲਾ ਸਮਝਦੇ ਹਨ। ਉਨ੍ਹਾਂ ਕਿਹਾ ਕਿ ਕੋਰੋਨਾ ਵਾਇਰਸ ਕਾਰਨ ਪੈਦਾ ਹੋਈ ਸਥਿਤੀ ਵਿੱਚ ਹਰੇਕ ਵਰਗ ਦੇ ਲੋਕਾਂ ਨੂੰ ਆਪਣਾ ਯੋਗਦਾਨ ਦੇਣਾ ਚਾਹੀਦਾ ਹੈ ਤਾਂ ਜੋ ਇਸ ਖਤਰਨਾਕ ਮਹਾਂਮਾਰੀ ਦਾ ਖਾਤਮਾ ਕੀਤਾ ਜਾ ਸਕੇ। ਇਸ ਮੌਕੇ ਤਹਿਸੀਲਦਾਰ ਗੁਰਜਿੰਦਰ ਸਿੰਘ ਦਾ ਵੀ ਉਚੇਚੇ ਤੌਰ ਉਤੇ ਸਨਮਾਨ ਕੀਤਾ ਗਿਆ।

ਇਸ ਮੌਕੇ ਸੰਸਥਾ ਦੇ ਅਹੁਦੇਦਾਰ ਸਤਬੀਰ ਸਿੰਘ ਗਡਹੇੜਾ, ਰਣਦੀਪ ਸਿੰਘ ਲਾਡੀ, ਥਾਣੇਦਾਰ ਬਲਜਿੰਦਰ ਸਿੰਘ, ਜਸਵੰਤ ਸਿੰਘ ਰੈਲੀ, ਦੇਵਿੰਦਰ ਸਿੰਘ ਚੀਮਾ, ਡਾ. ਦਿਨੇਸ਼ ਓਬਰਾਏ ਵੀ ਮੌਜੂਦ ਸਨ।

ਕੈਪਸ਼ਨ: ਐਸ. ਡੀ. ਐਮ. ਡਾ. ਸੰਜੀਵ ਕੁਮਾਰ ਤੇ ਤਹਿਸੀਲਦਾਰ ਗੁਰਜਿੰਦਰ ਸਿੰਘ ਦਾ ਸਨਮਾਨ ਕੀਤੇ ਜਾਣ ਦਾ ਦ੍ਰਿਸ਼।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਪ੍ਰਾਇਮਰੀ ਹੈਲਥ ਸੈਂਟਰ ਚਨਾਰਥਲ ਕਲਾਂ ਅਧੀਨ ਪੈਂਦੇ 32 ਸਬ ਸੈਂਟਰਾਂ ਤੇ 196 ਪਿੰਡਾਂ ਵਿੱਚ ਦਿਨ ਰਾਤ ਸੇਵਾ ਨਿਭਾ ਰਹੇ ਹਨ ਸਿਹਤ ਸੈਨੇਟਰੀ ਇੰਸਪੈਕਟਰ ਤੇ ਮਲਟੀਪਰਪਜ਼ ਹੈਲਥ ਵਰਕਰ

ਕੋਰੋਨਾ ਵਾਇਰਸ ਦੇ ਖਾਤਮੇ ਲਈ ਸਿਹਤ ਵਿਭਾਗ ਵੱਲੋਂ ਕੀਤੇ ਗਏ ਹਨ ਪੁਖਤਾ ਪ੍ਰਬੰਧ

ਫ਼ਤਹਿਗੜ੍ਹ ਸਾਹਿਬ, 01 ਮਈ :

ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਦੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰਾਇਮਰੀ ਹੈਲਥ ਸੈਂਟਰ ਚਨਾਰਥਲ ਕਲਾਂ ਅਧੀਨ ਪੈਂਦੇ 32 ਸਬ ਸੈਂਟਰਾਂ ਤੇ 196 ਪਿੰਡਾਂ ਵਿੱਚ ਕੋਰੋਨਾ ਵਾਇਰਸ ਨੂੰ ਰੋਕਣ ਲਈ ਸਿਹਤ ਸੈਨੇਟਰੀ ਇੰਸਪੈਕਟਰ ਤੇ ਮਲਟੀਪਰਪਜ਼ ਹੈਲਥ ਵਰਕਰ ਮੇਲ ਦਿਨ ਰਾਤ ਸੇਵਾਵਾਂ ਨਿਭਾ ਰਹੇ ਹਨ ਤਾਂ ਜੋ ਇਸ ਮਹਾਂਮਾਰੀ ਦਾ ਖਾਤਮਾ ਕੀਤਾ ਜਾ ਸਕੇ। ਇਹ ਜਾਣਕਾਰੀ ਦਿੰਦਿਆਂ ਚਨਾਰਥਲ ਕਲਾਂ ਦੇ ਐਸ.ਐਮ.ਓ. ਡਾ. ਰਮਿੰਦਰ ਕੌਰ ਵਾਲੀਆ ਨੇ ਦੱਸਿਆ ਕਿ ਪਿੰਡਾਂ ਵਿੱਚ ਬਾਹਰੋਂ ਆਏ ਵਿਅਕਤੀਆਂ ਨੂੰ ਇਕਾਂਤਵਾਸ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਦੀ ਸਿਹਤ ਦਾ ਪੂਰਾ ਧਿਆਨ ਰੱਖਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਕੋਈ ਸਿਹਤ ਸਬੰਧੀ ਮੁਸ਼ਕਲ ਆਉਂਦੀ ਹੈ ਤਾਂ ਇਨ੍ਹਾਂ ਟੀਮਾਂ ਵੱਲੋਂ ਉਨ੍ਹਾਂ ਨੂੰ ਦਵਾਈਆਂ ਦੇਣ ਦਾ ਵੀ ਪ੍ਰਬੰਧ ਕੀਤਾ ਗਿਆ ਹੈ । ਉਨ੍ਹਾਂ ਹੋਰ ਦੱਸਿਆ ਕਿ ਕੋਰੋਨਾ ਦੇ ਸ਼ੱਕੀ ਮਰੀਜਾਂ ਦੇ ਸੈਂਪਲ ਵੀ ਲਏ ਜਾ ਰਹੇ ਹਨ ਅਤੇ ਇਕਾਂਤਵਾਸ ਵਿਅਕਤੀਆਂ ਦੀ ਪੌਸ਼ਟਿਕ ਖੁਰਾਕ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ ।

ਡਾ. ਰਮਿੰਦਰ ਕੌਰ ਨੇ ਹੋਰ ਦੱਸਿਆ ਕਿ ਸ਼ੱਕੀ ਮਰੀਜਾਂ ਦੇ ਘਰਦਿਆਂ ਨੂੰ ਅਤੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਤੇ ਆਮ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਣ ਲਈ ਸਾਵਧਾਨੀਆਂ ਵਰਤਣ ਲਈ ਵੀ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਆਪਣੇ ਘਰਾਂ ਵਿੱਚ ਰਹਿਣ ਅਤੇ ਮਾਸਕ ਪਾਉਣ ਤੇ ਆਪਣੇ ਹੱਥਾਂ ਨੂੰ ਵਾਰ-ਵਾਰ ਧੋਣ ਲਈ ਵੀ ਜਾਗਰੂਕ ਕੀਤਾ ਜਾ ਰਿਹਾ ਹੈ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਅਸਲਾ ਲਾਇਸੈਂਸ, ਪਰਚੇਜ਼ ਪੀਰੀਅਡ ਤੇ ਐਨ.ਓ.ਸੀ. ਵੈਲੇਡਿਟੀ ਸਮੇਤ ਵੱਖ ਵੱਖ ਸੇਵਾਵਾਂ ਵਿੱਚ 31 ਮਈ 2020 ਤੱਕ ਵਾਧਾ

ਕੋਰੋਨਾ ਕਾਰਨ ਪੈਦਾ ਹੋਏ ਹਾਲਾਤ ਦੇ ਮੱਦੇਨਜ਼ਰ ਲਿਆ ਫ਼ੈਸਲਾ

ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਹੁਕਮ ਜਾਰੀ

ਫ਼ਤਹਿਗੜ੍ਹ ਸਾਹਿਬ, 01 ਮਈ

ਵਧੀਕ ਜ਼ਿਲ੍ਹਾ ਮੈਜਿਸਟਰੇਟ ਸ੍ਰੀ ਜਸਪ੍ਰੀਤ ਸਿੰਘ ਨੇ ਹੁਕਮ ਜਾਰੀ ਕੀਤੇ ਹਨ ਕਿ ਕੋਰੋਨਾ ਕਾਰਨ ਪੈਦਾ ਹੋਏ ਹਾਲਾਤ ਕਾਰਨ ਅਸਲੇ ਨਾਲ ਸਬੰਧਤ ਸੇਵਾਵਾਂ ਨੂੰ 03-05-2020 ਤੱਕ ਤਾਂ ਮੁਲਤਵੀ ਕੀਤਾ ਹੀ ਗਿਆ ਹੈ ਪਰ ਕੋਰੋਨਾ ਦੇ ਮੱਦੇਨਜ਼ਰ ਲੌਕਡਾਊਨ ਕਾਰਨ ਦਫ਼ਤਰਾਂ ਨੂੰ ਮੁੜ ਸੁਚਾਰੂ ਢੰਗ ਨਾਲ ਚਲਾਉਣ ਵਿੱਚ ਕੁਝ ਸਮਾਂ ਲੱਗਣ ਦੇ ਆਸਾਰ ਹਨ। ਇਸ ਲਈ ਆਰਮਜ਼ ਐਕਟ ਅਤੇ ਆਰਮਜ਼ ਰੂਲ ਤਹਿਤ ਅਸਲਾ ਲਾਇਸੈਂਸ ਰੀਨਿਊ ਕਰਵਾਉਣ, ਪਰਚੇਜ਼ ਪੀਰੀਅਡ, ਐਨ.ਓ.ਸੀ. ਵੈਲੇਡਿਟੀ ਆਦਿ ਸੇਵਾਵਾਂ ਵਿੱਚ 31-05-2020 ਤੱਕ ਵਾਧਾ ਕਰਨ ਦਾ ਫ਼ੈਸਲਾ ਲਿਆ ਗਿਆ ਹੈ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਚਲੇ ਉਦਯੋਗਾਂ ਨੂੰ ਪੜਾਅਵਾਰ ਖੋਲ੍ਹਣ ਦਾ ਫ਼ੈਸਲਾ

ਪਹਿਲੇ ਪੜਾਅ ਤਹਿਤ ਤਿਆਰ ਤੇ ਕੱਚੇ ਮਾਲ ਦੀ ਲੋਡਿੰਗ/ਅਨਲੋਡਿੰਗ ਦੀ ਪ੍ਰਵਾਨਗੀ

ਉਦਯੋਗ ਯੂਨਿਟ ਦੇ ਅੰਦਰ ਵਰਕਸ਼ਾਪ/ਵਰਕਸ਼ਾਪਾਂ ਦੀ ਕਰਵਾਈ ਜਾ ਸਕਦੀ ਹੈ ਰਿਪੇਅਰ

ਕੋਰੋਨਾ ਵਾਇਰਸ ਸਬੰਧੀ ਹਦਾਇਤਾਂ ਦੀ ਇਨ ਬਿਨ ਪਾਲਣਾ ਯਕੀਨੀ ਬਨਾਉਣੀ ਲਾਜ਼ਮੀ

ਫ਼ਤਹਿਗੜ੍ਹ ਸਾਹਿਬ, 01 ਮਈ

ਵਧੀਕ ਡਿਪਟੀ ਕਮਿਸ਼ਨਰ (ਜ) ਸ਼੍ਰੀ ਜਸਪ੍ਰੀਤ ਸਿੰਘ ਵੱਲੋਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਵੱਖ ਵੱਖ ਉਦਯੋਗਾਂ ਦੇ ਨੁਮਾਇੰਦਿਆਂ ਨਾਲ ਜ਼ਿਲ੍ਹੇ ਵਿੱਚ ਉਦਯੋਗਾਂ/ਇੰਡਸਟ੍ਰੀਜ਼ ਨੂੰ ਖੋਲ੍ਹਣ ਬਾਰੇ ਮੀਟਿੰਗ ਕੀਤੀ ਗਈ। ਇਸ ਮੀਟਿੰਗ ਉਪਰੰਤ ਫ਼ੈਸਲਾ ਲਿਆ ਗਿਆ ਕਿ ਕੋਵਿਡ-19 ਦੀ ਮਹਾਂਮਾਰੀ ਨੂੰ ਫੈਲਣ ਤੋਂ ਬਚਾਅ ਲਈ ਜ਼ਿਲ੍ਹੇ ਵਿਚਲੀਆਂ ਇੰਡਸਟ੍ਰੀਜ਼ ਨੂੰ ਫੇਜ਼ਵਾਈਜ਼ ਖੋਲ੍ਹਿਆ ਜਾਵੇਗਾ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਪਹਿਲੇ ਪੜਾਅ ਤਹਿਤ ਜ਼ਿਲ੍ਹੇ ਵਿਚਲੇ ਉਦਯੋਗਾਂ/ਇੰਡਸਟਰੀ ਨੂੰ ਲੋਡਿੰਗ/ਅਨ-ਲੋਡਿੰਗ ਭਾਵ ਤਿਆਰ ਮਾਲ ਨੂੰ ਟਰੱਕਾਂ ਵਿੱਚ ਲੋਡ ਕਰ ਕੇ ਭੇਜਣ ਅਤੇ ਕੱਚਾ ਮਾਲ, ਜੋ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਹਦੂਦ ਅੰਦਰ ਪਹੁੰਚ ਚੁੱਕਾ ਹੈ, ਨੂੰ ਅਨ-ਲੋਡ ਕਰਨ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ। ਜਿਹੜੇ ਉਦਯੋਗਪਤੀ ਆਪਣੇ ਉਦਯੋਗ ਯੂਨਿਟ ਦੇ ਅੰਦਰ ਵਰਕਸ਼ਾਪ/ਵਰਕਸ਼ਾਪਾਂ ਨੂੰ ਰਿਪੇਅਰ ਕਰਨਾ ਚਾਹੁੰਦੇ ਹਨ, ਉਹ ਯੂਨਿਟ ਦੇ ਅੰਦਰ ਰਹਿੰਦੀ ਲੇਬਰ ਜਾਂ 05 ਵਿਅਕਤੀਆਂ ਦੇ ਸਹਿਯੋਗ ਨਾਲ ਅਜਿਹਾ ਕਰ ਸਕਦੇ ਹਨ।

ਤਿਆਰ ਮਾਲ ਅਤੇ ਕੱਚੇ ਮਾਲ ਦੀ ਤੋਲਾਈ ਲਈ ਧਰਮ ਕੰਡਿਆਂ ਨੂੰ ਰੋਟੇਸ਼ਨ ਵਾਈਜ਼ ਖੋਲ੍ਹੇ ਜਾਣ ਦੀ ਪ੍ਰਵਾਨਗੀ ਦਿੱਤੀ ਗਈ ਹੈ। ਧਰਮ ਕੰਡਿਆਂ ਦਾ ਰੋਸਟਰ ਬਨਾਉਣ ਦੇ ਅਖ਼ਤਿਆਰ ਜ਼ਿਲ੍ਹੇ ਦੇ ਸਮੂਹ ਉਪ ਮੰਡਲ ਮੈਜਿਸਟਰੇਟਜ਼ ਨੂੰ ਦਿੱਤੇ ਗਏ ਹਨ। ਜੋ ਧਰਮ ਕੰਡੇ ਕਿਸੇ ਉਦਯੋਗਿਕ ਇਕਾਈ ਦੇ ਨਾਲ ਸਥਿਤ ਹਨ, ਉਨ੍ਹਾਂ ਨੂੰ ਖੁੱਲ੍ਹੇ ਰੱਖਣ ਦੀ ਪ੍ਰਵਾਨਗੀ ਦਿੱਤੀ ਗਈ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹਨਾਂ ਕਾਰਜਾਂ ਲਈ ਲੇਬਰ ਦੇ ਕੇਵਲ 05 ਵਿਅਕਤੀ ਜਾਂ ਫੈਕਟਰੀ ਦੇ ਅੰਦਰ ਰਹਿੰਦੀ ਲੇਬਰ ਨੂੰ ਕੰਮ ਕਰਨ ਦੀ ਇਜਾਜ਼ਤ ਹੋਵੇਗੀ। ਉਦਯੋਗਾਂ ਦੇ ਮਾਲਕਾਂ ਦੀ ਇਹ ਜ਼ਿੰਮੇਵਾਰੀ ਹੋਵੇਗੀ ਕਿ ਇਸ ਕਾਰਜ ਲਈ ਵਰਤੀ ਜਾ ਰਹੀ ਲੇਬਰ ਨੂੰ ਮਾਸਕ, ਦਸਤਾਨੇ ਅਤੇ ਸੈਨੀਟਾਇਜ਼ਰ ਮੁਹੱਈਆ ਕਰਵਾਉਣ ਅਤੇ ਇਹ ਯਕੀਨੀ ਬਨਾਉਣ ਕਿ ਉਹ ਆਪਸ ਵਿੱਚ

1.5 ਤੋ 02 ਮੀਟਰ ਦੀ ਦੂਰੀ ਬਣਾ ਕੇ ਰੱਖਣ ਅਤੇ ਮਾਸਕ ਅਤੇ ਦਸਤਾਨੇ ਪਾ ਕੇ ਰੱਖਣ।

ਫੈਕਟਰੀ, ਉਦਯੋਗਿਕ ਸੰਸਥਾ ਦੀ ਐਂਟਰੀ 'ਤੇ ਹਰੇਕ ਲੇਬਰ ਦੀ ਥਰਮਲ ਸਕੈਨਿੰਗ ਕਰਨੀ ਲਾਜ਼ਮੀ ਹੋਵੇਗੀ।ਕਿਸੇ ਵੀ ਕਿਸਮ ਦੇ ਵੱਡੇ ਇਕੱਠ ਦੀ ਪ੍ਰਵਾਨਗੀ ਨਹੀਂ ਹੋਵੇਗੀ।ਲੇਬਰ ਦੇ ਇੱਕ ਵਿਅਕਤੀ ਦੀ ਸੀਟ ਦੂਸਰੇ ਲੇਬਰ ਦੇ ਵਿਅਕਤੀ ਤੋਂ 6 ਫੁੱਟ ਦੀ ਦੂਰੀ 'ਤੇ ਹੋਣੀ ਲਾਜ਼ਮੀ ਹੈ। ਯੂਨਿਟ ਦੇ ਅੰਦਰ ਅਤੇ ਬਾਹਰ ਗੁਟਕਾ/ਤੰਬਾਕੂ ਦੀ ਵਰਤੋਂ ਅਤੇ ਥੁੱਕਣ ਦੀ ਮਨਾਹੀ ਹੈ ਤੇ ਇਕ ਸ਼ਿਫਟ ਅਤੇ ਦੂਸਰੀ ਸ਼ਿਫਟ ਦੇ ਵਿਚਕਾਰ ਅੱਧੇ ਘੰਟੇ ਦਾ ਵੱਖਵਾ ਲਾਜ਼ਮੀ ਹੈ।ਯੂਨਿਟ/ਫੈਕਟਰੀ ਦੇ ਅੰਦਰ ਲੇਬਰ ਦੇ ਖਾਣ-ਪੀਣ ਸਮੇਂ ਜਾਂ ਫੈਕਟਰੀ ਅੰਦਰ ਸਥਿਤ ਕੰਟੀਨ ਵਿੱਚ ਸਮਾਜਕ ਵਿੱਥ ਦੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

ਉਨ੍ਹਾਂ ਦੱਸਿਆ ਕਿ 65 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਵਿਅਕਤੀ ਜੋ ਦਿਲ ਦੀ ਬਿਮਾਰੀ/ਸ਼ੁਗਰ ਦੀ ਬਿਮਾਰੀ ਜਾਂ ਕਿਸੇ ਹੋਰ ਗੰਭੀਰ ਬਿਮਾਰੀ ਤੋਂ ਪੀੜਤ ਹੋਣ, ਨੂੰ ਯੂਨਿਟ ਦੇ ਅੰਦਰ ਕੰਮ ਕਰਨ ਦੀ ਇਜਾਜ਼ਤ ਨਹੀਂ ਹੋਵੇਗੀ।ਲੇਬਰ ਦੇ ਵਿਅਕਤੀ ਜਿਸ ਵਾਹਨ ਜ਼ਰੀਏ ਫੈਕਟਰੀ/ਯੂਨਿਟ ਵਿੱਚ ਆਉਂਦੇ ਹਨ, ਉਸ ਨੂੰ ਡਿਸਇਨਫੈਕਟ ਕਰਨਾ ਲਾਜ਼ਮੀ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਦਯੋਗਿਕ ਸੰਸਥਾ/ਫੈਕਟਰੀ ਦੇ ਮਾਲਕ ਇਹ ਗੱਲ ਯਕੀਨੀ ਬਨਾਉਣਗੇ ਕਿ ਜਿਸ ਮਸ਼ੀਨ/ਸੰਧ ਦੀ ਵਰਤੋਂ ਹੋ ਰਹੀ ਹੈ, ਉਸ ਨੂੰ ਸਮੇਂ-ਸਮੇਂ ਸਿਰ ਡਿਸਇਨਫੈਕਟ ਕੀਤਾ ਜਾਵੇ। ਜੇਕਰ ਕਿਸੇ ਉਦਯੋਗਿਕ ਯੂਨਿਟ ਵੱਲ ਕੋਵਿਡ-19 ਦੀਆਂ ਹਦਾਇਤਾਂ ਜਾਂ ਇਸ ਤੋਂ ਇਲਾਵਾ ਕਿਸੇ ਵੀ ਤਰ੍ਹਾਂ ਦੀ ਹੋਰ ਊਣਤਾਈ ਕੀਤੀ ਗਈ ਤਾਂ ਉਸ ਉਦਯੋਗਿਕ ਇਕਾਈ ਦੇ ਮਾਲਕ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਢੋਆ-ਢੁਆਈ ਸਬੰਧੀ ਸਰਕਾਰ ਵੱਲੋਂ ਕੋਵਿਡ-19 ਮਹਾਂਮਾਰੀ ਤੋਂ ਬਚਾਅ ਸਬੰਧੀ ਜਾਰੀ ਹਦਾਇਤਾਂ ਦੀ ਇਨ ਬਿਨ ਪਾਲਣਾ ਯਕੀਨੀ ਬਨਾਉਣੀ ਲਾਜ਼ਮੀ ਹੈ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਨਰਾਇਣਗੜ੍ਹ ਛੰਨਾ ਦੇ ਕੋਰੋਨਾ ਪਾਜ਼ੇਟਿਵ ਪਾਏ ਗਏ ਨੌਜਵਾਨ ਨੂੰ ਇਲਾਜ ਲਈ ਗਿਆਨ ਸਾਗਰ ਹਸਪਤਾਲ, ਬਨੂੜ ਭੇਜਿਆ

ਕੋਰੋਨਾ ਪੀੜਤ ਦੇ ਸੰਪਰਕ ਵਿੱਚ ਆਏ ਵਿਅਕਤੀਆਂ ਦੀ ਕੀਤੀ ਪਛਾਣ

ਸੰਪਰਕ ਵਿੱਚ ਆਏ ਵਿਅਕਤੀਆਂ ਦੇ ਸੈਂਪਲ ਲਏ

ਪਿੰਡ ਵਿੱਚ ਐਮਰਜੈਂਸੀ ਮੈਡੀਕਲ ਕੈਂਪ ਵੀ ਲਗਾਇਆ

ਫ਼ਤਹਿਗੜ੍ਹ ਸਾਹਿਬ, 01 ਮਈ

ਪਿੰਡ ਨਰਾਇਣਗੜ੍ਹ ਛੰਨਾ ਵਿੱਚ ਇਕ ਨੌਜਵਾਨ, ਜੋ ਕਿ ਜੀਂਦ ਹਰਿਆਣਾ ਤੋਂ ਕੰਬਾਈਨ ਨਾਲ ਕਣਕ ਦੀ ਵਾਢੀ ਕਰ ਕੇ 02 ਦਿਨ ਪਹਿਲਾਂ ਹੀ ਪਰਤਿਆ ਸੀ, ਦੀ ਕੋਰੋਨਾ ਸਬੰਧੀ ਰਿਪੋਰਟ ਪੌਜ਼ੇਟਿਵ ਆਉਣ 'ਤੇ ਉਸ ਨੂੰ ਇਲਾਜ ਲਈ ਗਿਆਨ ਸਾਗਰ ਹਸਪਤਾਲ, ਬਨੂੰੜ ਵਿਖੇ ਦਾਖਲ ਕਰਵਾਇਆ ਗਿਆ ਹੈ।

ਇਸ ਪੌਜ਼ੇਟਿਵ ਨੌਜਵਾਨ ਦੇ 06 ਹਾਈ ਰਿਸਕ ਕੰਟੈਕਟਸ, ਜਿਨ੍ਹਾਂ ਵਿੱਚੋਂ 02 ਵਿਅਕਤੀ ਪਟਿਆਲੇ ਜ਼ਿਲ੍ਹੇ ਨਾਲ ਸਬੰਧਤ ਹਨ ਅਤੇ 23 ਲੋਅ ਰਿਸਕ ਕੰਟੈਕਟਸ ਕੁੱਲ 29 ਕੰਟੈਕਟਸ ਦੀ ਪਛਾਣ ਕਰ ਲਈ ਗਈ ਹੈ। ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਐਨ. ਕੇ. ਅਗਰਵਾਲ ਨੇ ਦੱਸਿਆ ਕਿ ਕੋਰੋਨਾ ਪੀੜਤ ਵਿਅਕਤੀ ਦੇ ਸਾਰੇ ਕਲੋਜ਼ ਕੰਟੈਕਟਜ਼ ਦੀ ਸਕਰੀਨਿੰਗ ਕੀਤੀ ਗਈ, ਜਿਨ੍ਹਾਂ ਨੂੰ ਕੋਈ ਵੀ ਖਾਂਸੀ ਬੁਖਾਰ ਜਾਂ ਸਾਹ ਲੈਣ ਵਿੱਚ ਕੋਈ ਦਿੱਕਤ ਆਦਿ ਦੇ ਲੱਛਣ ਨਹੀਂ ਹਨ। ਕਲੋਜ਼ ਕੰਟੈਕਟਸ ਦੇ ਸੈਂਪਲ ਲੈ ਕੇ ਜਾਂਚ ਲਈ ਭੇਜੇ ਜਾਣਗੇ।
ਸਿਵਲ ਸਰਜਨ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਘਰ ਘਰ ਜਾ ਕੇ ਸਰਵੇਖਣ ਕੀਤਾ ਜਾ ਰਿਹਾ ਹੈ, ਜਿਸ ਦੌਰਾਨ ਇਕ ਵਿਅਕਤੀ ਦੇ ਸੈਂਪਲ ਲੈ ਕੇ ਜਾਂਚ ਲਈ ਵੀ ਭੇਜੇ ਹਨ। ਕੋਰੋਨਾ ਪੀੜਤ ਵਿਅਕਤੀ ਦੇ 02 ਹਾਈ ਰਿਸਕ ਕੰਟੈਕਟ ਵਿਅਕਤੀਆਂ ਨੂੰ ਜ਼ਿਲ੍ਹਾ ਹਸਪਤਾਲ, ਫਤਹਿਗੜ੍ਹ ਸਾਹਿਬ ਸ਼ਿਫਟ ਕੀਤਾ ਗਿਆ ਹੈ। ਉਹਨਾਂ ਦਸਿਆ ਕਿ ਇਸ ਪਿੰਡ ਵਿੱਚ ਐਮਰਜੈਂਸੀ ਮੈਡੀਕਲ ਕੈਂਪ ਵੀ ਲਗਾਇਆ ਗਿਆ ਤੇ ਲੋਕਾਂ ਦੀ ਸਿਹਤ ਜਾਂਚ ਕੀਤੀ ਗਈ। ਉਹਨਾਂ ਦੱਸਿਆ ਕਿ 28 ਦਿਨ ਤੱਕ ਇਸ ਪਿੰਡ ਵਿੱਚ ਐਕਟਿਵ ਸਰਵੇਖਣ ਜਾਰੀ ਰਹੇਗਾ।

ਸਿਵਲ ਸਰਜਨ ਨੇ ਦੱਸਿਆ ਕਿ ਜ਼ਿਲ੍ਹੇ ਨਾਲ ਸਬੰਧਤ ਦੋ ਔਰਤਾਂ (ਪਿੰਡ ਹਵਾਰਾ ਕਲਾਂ) ਤੇ 01 ਪੁਰਸ਼ (ਮੰਡੀ ਗੋਬਿੰਦਗੜ੍ਹ), ਜੋ ਸ੍ਰੀ ਹਜ਼ੂਰ ਸਾਹਿਬ ਤੋਂ ਪਰਤੇ ਹਨ, ਪੌਜ਼ੇਟਿਵ ਪਾਏ ਗਏ ਹਨ ਤੇ ਲੁਧਿਆਣਾ ਵਿਖੇ ਜ਼ੇਰੇ ਇਲਾਜ ਹਨ, ਉਹ ਸ੍ਰੀ ਹਜ਼ੂਰ ਸਾਹਿਬ ਤੋਂ ਆ ਕੇ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਨਹੀਂ ਆਏ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਮਾਜੂ ਤੇ ਬਦਰੰਗ ਦਾਣੇ ਦੇ ਖਰੀਦ ਮੁੱਲ 'ਤੇ ਲਾਏ ਕੱਟ ਵਾਪਸ ਲਵੇ ਕੇਂਦਰ ਸਰਕਾਰ: ਡਾ. ਅਮਰ ਸਿੰਘ

ਫ਼ਤਹਿਗੜ੍ਹ ਸਾਹਿਬ ਦੇ ਸੰਸਦ ਮੈਂਬਰ ਨੇ ਕੇਂਦਰੀ ਖੁਰਾਕ ਤੇ ਖਪਤਕਾਰ ਮਾਮਲੇ ਮੰਤਰੀ ਨੂੰ ਪੱਤਰ ਭੇਜ ਕੇ ਕੀਤੀ ਮੰਗ

ਫ਼ਤਹਿਗੜ੍ਹ ਸਾਹਿਬ, 01 ਮਈ

ਸੰਸਦ ਮੈਂਬਰ ਡਾ. ਅਮਰ ਸਿੰਘ ਨੇ ਕੇਂਦਰੀ ਖੁਰਾਕ ਤੇ ਖਪਤਕਾਰ ਮਾਮਲੇ ਮੰਤਰੀ, ਰਾਮ ਵਿਲਾਸ ਪਾਸਵਾਨ ਨੂੰ ਪੱਤਰ ਭੇਜ ਕੇ ਮੰਗ ਕੀਤੀ ਹੈ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਵਿੱਚ ਕਣਕ ਦੀ ਖ਼ਰੀਦ ਦੌਰਾਨ ਮਾਜੂ ਤੇ ਬਦਰੰਗ ਦਾਣੇ ਦੇ ਖ਼ਰੀਦ ਮੁੱਲ ਉਤੇ ਲਾਏ ਕੱਟਾਂ ਨੂੰ ਵਾਪਸ ਲਿਆ ਜਾਵੇ ਤੇ ਪੰਜਾਬ ਦੇ ਕਿਸਾਨਾਂ ਨੂੰ ਫ਼ਸਲ ਦੀ ਪੂਰੀ ਐਮ.ਐਸ.ਪੀ. (ਘੱਟੋ ਘੱਟ ਸਮੱਰਥਨ ਮੁੱਲ) ਦਿੱਤੀ ਜਾਵੇ।

ਫ਼ਤਹਿਗੜ੍ਹ ਸਾਹਿਬ ਦੇ ਸੰਸਦ ਮੈਂਬਰ ਨੇ ਬੇਮੌਸਮੀ ਬਰਸਾਤ ਕਾਰਨ ਹੋਏ ਫ਼ਸਲਾਂ ਦੇ ਨੁਕਸਾਨ ਤੇ ਕੋਰੋਨਾ ਵਾਇਰਸ ਕਾਰਨ ਹੋਏ ਲੌਕਡਾਊਨ ਕਾਰਨ ਕਿਸਾਨਾਂ ਨੂੰ ਹੋਰਨਾਂ ਸਰੋਤਾਂ ਤੋਂ ਹੋਣ ਵਾਲੀ ਆਮਦਨ ਵਿੱਚ ਭਾਰੀ ਕਮੀ ਆਉਣ ਦੇ ਪੱਖ ਨੂੰ ਉਭਾਰਦਿਆਂ ਕਿਹਾ ਕਿ ਕਿਸਾਨਾਂ ਨੂੰ ਇਕੋ ਇਕ ਆਸ ਸੀ ਕਿ ਉਨ੍ਹਾਂ ਨੂੰ ਪੂਰੀ ਐਮ.ਐਸ.ਪੀ. ਮਿਲੇਗੀ, ਜਿਸ ਨਾਲ ਵਿੱਤੀ ਪੱਖੋਂ ਉਨ੍ਹਾਂ ਨੂੰ ਕੁਝ ਰਾਹਤ ਮਿਲੇਗੀ।

ਡਾ. ਅਮਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੇ ਹਰ ਵਾਰ ਲੋੜ ਦੀ ਘੜੀ ਵਿੱਚ ਦੇਸ਼ ਦਾ ਅੱਗੇ ਵੱਧ ਕੇ ਸਾਥ ਦਿੱਤਾ ਹੈ ਤੇ ਇਸ ਵੇਲੇ ਲੋੜ ਹੈ ਕਿ ਕੇਂਦਰ ਸਰਕਾਰ ਪੰਜਾਬ ਦੇ ਕਿਸਾਨ ਨਾਲ ਖੜ੍ਹੇ ਦੇ ਕਿਸਾਨ ਨੂੰ ਉਸ ਦੀ ਫ਼ਸਲ ਦੀ ਪੂਰੀ ਐਮ.ਐਸ.ਪੀ. ਮਿਲੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹੇ ਵਿੱਚ ਪੈਂਦੇ ਸਮੂਹ ਸਕੂਲਾਂ, ਕਾਲਜਾਂ, ਹੋਸਟਲਾਂ, ਧਰਮਸ਼ਾਲਾਵਾਂ ਤੇ ਪੰਚਾਇਤ ਘਰਾਂ ਨੂੰ ਇਕਾਂਤਵਾਸ ਕੇਂਦਰ ਬਨਾਉਣ ਦੇ ਹੁਕਮ

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਸਬੰਧੀ ਜਾਰੀ ਕੀਤੇ ਗਏ ਹੁਕਮ

ਫ਼ਤਹਿਗੜ੍ਹ ਸਾਹਿਬ, 01 ਮਈ :

ਜ਼ਿਲ੍ਹਾ ਮੈਜਿਸਟਰੇਟ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਵੱਲੋਂ ਕੋਵਿਡ-19 ਨੂੰ ਰੋਕਣ ਅਤੇ ਇਸ 'ਤੇ ਕਾਬੂ ਪਾਉਣ ਲਈ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਵਿੱਚ ਪੈਂਦੇ ਸਮੂਹ ਸਰਕਾਰੀ ਸੀਨੀਅਰ ਸੈਕੰਡਰੀ/ਹਾਈ/ਐਲੀਮੈਂਟਰੀ ਸਕੂਲ, ਕਾਲਜ, ਹੋਸਟਲ, ਧਰਮਸ਼ਾਲਾਵਾਂ ਤੇ ਪੰਚਾਇਤ ਘਰਾਂ ਨੂੰ ਅਗਲੇ ਹੁਕਮਾਂ ਤੱਕ ਇਕਾਂਤਵਾਸ ਕੇਂਦਰ ਐਲਾਨਿਆ ਗਿਆ ਹੈ।

ਸ਼੍ਰੀਮਤੀ ਗਿੱਲ ਨੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ/ਐਲੀਮੈਂਟਰੀ ਨੂੰ ਆਦੇਸ਼ ਦਿੱਤੇ ਹਨ ਕਿ ਸਕੂਲਾਂ ਵਿੱਚ ਇਕਾਂਤਵਾਸ ਕੇਂਦਰਾਂ ਸਬੰਧੀ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣੀਆਂ ਯਕੀਨੀ ਬਣਾਈਆਂ ਜਾਣ ਅਤੇ ਜ਼ਿਲ੍ਹੇ ਦੇ ਸਮੂਹ ਐਸ.ਡੀ.ਐਮਜ਼ ਆਪੋ ਆਪਣੇ ਅਧਿਕਾਰ ਖੇਤਰ ਵਿੱਚ ਪੈਂਦੇ ਕਾਲਜ ਅਤੇ ਹੋਸਟਲਜ਼ ਵਿੱਚ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਨੂੰ ਯਕੀਨੀ ਬਣਾਉਣਗੇ।

ਸ਼ਹਿਰਾਂ ਵਿੱਚ ਪੈਂਦੀਆਂ ਧਰਮਸ਼ਾਲਾਵਾਂ ਲਈ ਕਾਰਜ ਸਾਧਕ ਅਫਸਰਾਂ ਤੇ ਪਿੰਡਾਂ ਵਿੱਚ ਪੈਂਦੀਆਂ ਧਰਮਸ਼ਾਲਾਵਾਂ ਲਈ ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਇਨ੍ਹਾਂ ਧਰਮਸ਼ਾਲਾਵਾਂ ਵਿੱਚ ਲੋੜੀਂਦੀਆਂ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਮੁਕੰਮਲ ਪ੍ਰਬੰਧ ਕਰਨ।

ਸਮੂਹ ਐਸ.ਡੀ.ਐਮਜ਼ ਨੂੰ ਇਹ ਵੀ ਅਧਿਕਾਰ ਦਿੱਤੇ ਗਏ ਹਨ ਕਿ ਉਹ ਆਪਣੇ ਅਧਿਕਾਰ ਖੇਤਰ ਵਿੱਚ ਕਿਸੇ ਵੀ ਇਮਾਰਤ ਨੂੰ ਇਕਾਂਤਵਾਸ ਕੇਂਦਰ ਵਜੋਂ ਇਸਤੇਮਾਲ ਕਰ ਸਕਣਗੇ। ਅਜਿਹਾ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਕੀਤਾ ਗਿਆ ਹੈ।

ਡਾ. ਅਮਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੇ ਹਰ ਵਾਰ ਲੋੜ ਦੀ ਘੜੀ ਵਿੱਚ ਦੇਸ਼ ਦਾ ਅੱਗੇ ਵੱਧ ਕੇ ਸਾਥ ਦਿੱਤਾ ਹੈ ਤੇ ਇਸ ਵੇਲੇ ਲੋੜ ਹੈ ਕਿ ਕੇਂਦਰ ਸਰਕਾਰ ਪੰਜਾਬ ਦੇ ਕਿਸਾਨ ਨਾਲ ਖੜ੍ਹੇ ਦੇ ਕਿਸਾਨ ਨੂੰ ਉਸ ਦੀ ਫ਼ਸਲ ਦੀ ਪੂਰੀ ਐਮ.ਐਸ.ਪੀ. ਮਿਲੇ।